15ਵੀਂ ਵਿਧਾਨ ਸਭਾ
14ਵਾਂ ਸਮਾਗਮ (ਬਜਟ)

# ਪੰਜਾਬ ਵਿਧਾਨ ਸਭਾ

## ਕਾਰਜ-ਸੂਚੀ

ਸ਼ੁੱਕਰਵਾਰ, 5 ਮਾਰਚ, 2021
(10.00 ਵਜੇ ਸਵੇਰੇ)

---

**I.** ਪ੍ਰਸ਼ਨ

ਵੱਖ ਸੂਚੀ ਵਿਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਉੱਤਰ ਦਿੱਤੇ ਜਾਣਗੇ।

**II.** ਧਿਆਨ ਦਿਵਾਊ ਨੋਟਿਸ

1. (i) **ਸ਼੍ਰੀਮਤੀ ਰੁਪਿੰਦਰ ਕੌਰ ਰੂਬੀ, ਐਮ.ਐਲ.ਏ.**
(ii) **ਸਰਦਾਰ ਗੁਰਮੀਤ ਸਿੰਘ ਮੀਤ ਹੇਹਰ, ਐਮ.ਐਲ.ਏ.** } ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਰਾਜ ਵਿੱਚ ਖਾਸ ਕਰਕੇ ਬਠਿੰਡਾ (ਦਿਹਾਤੀ) ਅਤੇ ਜ਼ਿਲ੍ਹਾ ਬਰਨਾਲਾ ਵਿੱਚ ਸਥਿਤ ਸਿਹਤ ਕੇਂਦਰਾਂ ਦੀ ਖਸਤਾ ਹਾਲਤ ਵੱਲ ਦਿਵਾਉਣਗੇ।

(ਨੰ: 32 ਅਤੇ 38)

2. **ਸਰਦਾਰ ਗੁਰਮੀਤ ਸਿੰਘ ਮੀਤ ਹੇਹਰ, ਐਮ.ਐਲ.ਏ**:- ਖੇਡਾਂ ਅਤੇ ਯੁਵਕ ਸੇਵਾਵਾਂ ਮੰਤਰੀ ਦਾ ਧਿਆਨ ਬਰਨਾਲਾ ਵਿੱਚ ਬਾਬਾ ਕਾਲਾ ਮਹਿਰ ਸਪੋਰਟਸ ਸਟੇਡੀਅਮ ਦੇ ਅਧੂਰੇ ਪਏ ਕੰਮ ਵੱਲ ਦਿਵਾਉਣਗੇ।

(ਨੰ: 35)

3. **ਸਰਦਾਰ ਜਗਦੇਵ ਸਿੰਘ ਕਮਾਲੂ, ਐਮ.ਐਲ.ਏ**:- ਮਾਲੀਆ, ਪੁਨਰਵਾਸ ਅਤੇ ਆਫ਼ਤ ਪ੍ਰਬੰਧਨ ਮੰਤਰੀ ਦਾ ਧਿਆਨ ਮੌੜ ਮੰਡੀ ਬੰਬ ਬਲਾਸਟ ਦੇ ਬਾਕੀ ਬਚੇ ਵਿਅਕਤੀਆਂ (60%ਅੰਗਹੀਣ) ਨੂੰ ਮੁਆਵਜ਼ਾ ਨਾ ਦੇਣ ਵੱਲ ਦਿਵਾਉਣਗੇ।

(ਨੰ: 36)

**III.** **ਮੇਜ਼ ਉੱਤੇ ਰੱਖੇ ਜਾਣ ਵਾਲੇ ਕਾਗਜ਼ ਪੱਤਰ**

**1.** **ਇੱਕ ਮੰਤਰੀ** ਸਾਲਾਂ 2017-18 ਅਤੇ 2018-19 ਲਈ ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਿਟੀ (ਪੁੱਡਾ) ਦੇ ਲੇਖਿਆ ਦੇ ਸਾਲਾਨਾ ਵਿਵਰਣ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 53(5) ਅਧੀਨ ਲੋੜੀਂਦਾ ਹੈ।

**2.** **ਇੱਕ ਮੰਤਰੀ** ਸਾਲਾਂ 2015-16 ਅਤੇ 2016-17 ਲਈ ਜਲੰਧਰ ਵਿਕਾਸ ਅਥਾਰਿਟੀ (ਜੇ.ਡੀ.ਏ), ਜਲੰਧਰ ਦੀਆਂ ਸਾਲਾਨਾ ਰਿਪੋਰਟਾਂ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 54(2) ਅਧੀਨ ਲੋੜੀਂਦਾ ਹੈ।

**3.** **ਇੱਕ ਮੰਤਰੀ** ਸਾਲਾਂ 2014-15, 2015-16, 2016-17, 2017-18, 2018-19 ਅਤੇ 2019-20 ਲਈ ਮਹਾਤਮਾ ਗਾਂਧੀ ਨੈਸ਼ਨਲ ਰੂਰਲ ਇੰਪਲਾਇਮੈਂਟ ਗਰੰਟੀ ਸਕੀਮ (ਐਮਜੀ-ਨਰੇਗਾ) ਨੂੰ ਲਾਗੂਕਰਨ ਦੀਆਂ ਸਾਲਾਨਾ ਰਿਪੋਰਟਾਂ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ (ਐਮਜੀ-ਨਰੇਗਾ) ਦੇ ਸੋਧੇ ਹੋਏ ਦਿਸ਼ਾ ਨਿਰਦੇਸ਼ਾਂ ਦੀ ਧਾਰਾ 13.11.3 ਅਧੀਨ ਲੋੜੀਂਦਾ ਹੈ।

**4.** **ਇੱਕ ਮੰਤਰੀ** ਸਾਲ 2017-18 ਲਈ ਪੰਜਾਬ ਸੂਚਨਾ ਅਤੇ ਸੰਚਾਰ ਤਕਨਾਲੋਜੀ ਨਿਗਮ ਲਿਮਟਿਡ ਦੀ 42ਵੀਂ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 1956 ਦੀ ਧਾਰਾ 619-ੳ ਅਧੀਨ ਲੋੜੀਂਦਾ ਹੈ।

4.3.2021
Superintendent
Punjab Vidhan Sabha
Chandigarh

ਪਰਤੋਂ ਜੀ....

IV. ਰਿਪੋਰਟਾਂ ਪੇਸ਼ ਕਰਨੀਆਂ

1. ਇੱਕ ਮੈਂਬਰ, ਸਰਕਾਰੀ ਕਾਰੋਬਾਰ ਕਮੇਟੀ — ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਸਬੰਧ ਵਿੱਚ ਸਾਲ 2014-15 ਲਈ ਸਰਕਾਰੀ ਅਦਾਰਿਆਂ (ਸਮਾਜਿਕ, ਆਮ ਅਤੇ ਆਰਥਿਕ ਖੇਤਰਾਂ) ਤੇ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ ਵਿੱਚ ਦਰਜ ਆਡਿਟ ਪੈਰ੍ਹਿਆਂ ਤੇ ਸਰਕਾਰੀ ਕਾਰੋਬਾਰ ਕਮੇਟੀ ਦੀ 119ਵੀਂ ਰਿਪੋਰਟ ਪੇਸ਼ ਕਰਨਗੇ।

2. ਸਭਾਪਤੀ, ਸਰਕਾਰੀ ਆਸ਼ਵਾਸ਼ਨਾਂ ਸਬੰਧੀ ਕਮੇਟੀ — ਸਾਲ 2020-21 ਲਈ ਸਰਕਾਰੀ ਆਸ਼ਵਾਸ਼ਨਾਂ ਸਬੰਧੀ ਕਮੇਟੀ ਦੀ 50ਵੀਂ ਰਿਪੋਰਟ ਪੇਸ਼ ਕਰਨਗੇ।

3. ਸਭਾਪਤੀ, ਕੁਐਸ਼ਚਨਜ਼ ਐਂਡ ਰੈਫਰੈਂਸਿਜ਼ ਕਮੇਟੀ — ਸਾਲ 2020-21 ਲਈ ਕੁਐਸਚਨਜ਼ ਐਂਡ ਰੈਫਰੈਂਸਿਜ਼ ਕਮੇਟੀ ਦੀ 14ਵੀਂ ਰਿਪੋਰਟ ਪੇਸ਼ ਕਰਨਗੇ।

4. ਸਭਾਪਤੀ, ਸਥਾਨਕ ਸਰਕਾਰ ਅਤੇ ਪੰਚਾਇਤੀ ਰਾਜ ਇਕਾਈਆਂ ਸਬੰਧੀ ਕਮੇਟੀ —

i) ਮਿਊਂਸਪਲ ਕੌਂਸਲ, ਮਾਨਸਾ ਦੇ ਆਮ ਕੰਮ-ਕਾਰ ਤੇ ਸਥਾਨਕ ਸਰਕਾਰ ਅਤੇ ਪੰਚਾਇਤੀ ਰਾਜ ਇਕਾਈਆਂ ਸਬੰਧੀ ਕਮੇਟੀ ਦੀ 22ਵੀਂ ਰਿਪੋਰਟ ਪੇਸ਼ ਕਰਨਗੇ; ਅਤੇ

ii) ਪੰਚਾਇਤ ਸੰਮਤੀ, ਖਰੜ, ਜ਼ਿਲ੍ਹਾ ਐਸ.ਏ.ਐਸ ਨਗਰ (ਮੋਹਾਲੀ) ਦੇ ਆਮ ਕੰਮ-ਕਾਰ ਤੇ ਸਥਾਨਕ ਸਰਕਾਰ ਅਤੇ ਪੰਚਾਇਤੀ ਰਾਜ ਇਕਾਈਆਂ ਸਬੰਧੀ ਕਮੇਟੀ ਦੀ 23ਵੀਂ ਰਿਪੋਰਟ ਪੇਸ਼ ਕਰਨਗੇ।

V. ਰਾਜਪਾਲ ਦੇ ਭਾਸ਼ਣ ਤੇ ਬਹਿਸ ਮੁੜ੍ਹ ਆਰੰਭ ਕਰਨਾ ਅਤੇ ਧੰਨਵਾਦ ਪ੍ਰਸਤਾਵ ਤੇ ਵੋਟ

2 ਮਾਰਚ, 2021 ਨੂੰ ਡਾਕਟਰ ਰਾਜ ਕੁਮਾਰ ਵੇਰਕਾ, ਐਮ.ਐਲ.ਏ ਦੁਆਰਾ ਪੇਸ਼ ਕੀਤੇ ਗਏ ਅਤੇ ਸਰਦਾਰ ਹਰਮਿੰਦਰ ਸਿੰਘ ਗਿੱਲ, ਐਮ.ਐਲ.ਏ ਦੁਆਰਾ ਪ੍ਰੋੜਤਾ ਕੀਤੇ ਗਏ ਨਿਮਨਲਿਖਤ ਪ੍ਰਸਤਾਵ ਨੂੰ ਹੋਰ ਵਿਚਾਰਨ ਲਈ:-

" ਕਿ ਰਾਜਪਾਲ ਜੀ ਨੂੰ ਨਿਮਨਲਿਖਤ ਸ਼ਬਦਾਂ ਵਿੱਚ ਮਾਣ ਪੱਤਰ ਪੇਸ਼ ਕੀਤਾ ਜਾਵੇਗਾ:-

" ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਹਨਾਂ ਨੇ 1 ਮਾਰਚ, 2021 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ। "

(ਬਹਿਸ ਸਮਾਪਤ ਕੀਤੀ ਜਾਵੇਗੀ)

ਚੰਡੀਗੜ੍ਹ:
4 ਮਾਰਚ, 2021

ਸ਼ੁਕ੍ਰ 4.3.2021
Superintendent
Punjab Vidhan Sabha
Chandigarh

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।